# ਪੰਜਾਬ ਸਰਕਾਰ ਸਿੱਖਿਆ ਵਿਭਾਗ

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ,
ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.), ਪੰਜਾਬ,
ਸਮੂਹ ਸਕੂਲ ਮੁੱਖੀ, ਸਰਕਾਰੀ ਸਕੂਲ ਪੰਜਾਬ,
ਸਮੂਹ ਬੀ.ਪੀ.ਈ.ਓ., ਪੰਜਾਬ

ਮੀਮੋ ਨੰ. 15/55-2019ਕੋ.ਸੈਲ.(1)/427585 ਮਿਤੀ: 17-12-2019

ਵਿਸ਼ਾ: ਤਰਸ ਦੇ ਅਧਾਰ 'ਤੇ ਨਿਯੁਕਤੀਆਂ ਸਬੰਧੀ ਪ੍ਰਕਿਰਿਆ ਆਨ-ਲਾਈਨ ਕਰਨ ਸਬੰਧੀ।

1.0 ਸਕੂਲ ਅਧਿਆਪਕਾਂ ਅਤੇ ਕਰਮਚਾਰੀਆਂ ਦੀ ਮੌਤ ਹੋਣ ਦੀ ਸੂਰਤ ਵਿੱਚ ਉਨ੍ਹਾਂ ਦੇ ਵਾਰਸਾਂ ਦੀ ਯੋਗਤਾ ਦੇ ਅਧਾਰ ਤੇ ਸਰਕਾਰੀ ਨੌਕਰੀ ਦੇਣ ਦੇ ਸਬੰਧ ਵਿੱਚ ਪ੍ਰਵਾਨਗੀ ਲਈ ਅਰਜ਼ੀਆਂ ਸਕੂਲ ਮੁੱਖੀਆਂ/ਦਫਤਰ ਜਿਲ੍ਹਾ ਸਿੱਖਿਆ ਅਫਸਰ ਅਤੇ ਮੁੱਖ ਦਫਤਰ ਵਿਖੇ ਦਿੱਤੀਆਂ ਜਾਂਦੀਆਂ ਹਨ। ਇਹ ਪ੍ਰਕਿਰਿਆ ਮੁਕੰਮਲ ਹੋਣ ਵਿੱਚ ਕਾਗਜ਼ੀ ਕਾਰਵਾਈ ਲਈ ਕਾਫੀ ਸਮਾਂ ਲੱਗ ਜਾਂਦਾ ਸੀ। ਅਜਿਹੀਆਂ ਸਮੱਸਿਆਵਾਂ ਨੂੰ ਮੁੱਖ ਰੱਖਦੇ ਹੋਏ ਸਿੱਖਿਆ ਵਿਭਾਗ ਪੰਜਾਬ ਵੱਲੋਂ ਈ-ਪੰਜਾਬ ਸਕੂਲ ਪੋਰਟਲ ਉੱਤੇ ਤਰਸ ਦੇ ਅਧਾਰ 'ਤੇ ਨਿਯੁਕਤੀਆਂ ਸਬੰਧੀ ਪ੍ਰਕਿਰਿਆ ਨੂੰ ਆਨਲਾਈਨ ਕਰਨ ਲਈ ਇੱਕ ਨਵਾਂ ਸਾਫਟਵੇਅਰ ਤਿਆਰ ਕੀਤਾ ਗਿਆ ਹੈ। ਈ-ਪੰਜਾਬ ਸਕੂਲ ਪੋਰਟਲ ਉੱਤੇ ਸਬੰਧਤ ਸਕੂਲ ਮੁੱਖੀ/ਡੀ.ਡੀ.ਓ. (ਜਿਸ ਦਫਤਰ ਵਿਖੇ ਨਿਯੁਕਤ ਕਰਮਚਾਰੀ ਦੀ ਮੌਤ ਹੋਈ ਹੈ) ਵੱਲੋਂ ਤੁਰੰਤ ਸਬੰਧਤ ਕਰਮਚਾਰੀ ਦਾ ਡਾਟਾ ਸਕੂਲ ਲਾਗਇੰਨ ਖਾਤੇ ਵਿੱਚ ਅਪਡੇਟ ਕੀਤਾ ਜਾਵੇਗਾ।

2.0 ਸਕੂਲ ਮੁੱਖੀ/ਡੀ.ਡੀ.ਓ. ਵੱਲੋਂ ਅਪਡੇਟ ਕੀਤੇ ਡਾਟੇ ਅਨੁਸਾਰ ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.) ਵਿਖੇ ਨਾਮਜ਼ਦ ਅਧਿਕਾਰੀ ਵੱਲੋਂ ਸਬੰਧਤ ਦੀ ਲੋੜੀਂਦੀ ਸੂਚਨਾ ਇਕੱਤਰ ਕਰਕੇ ਤਰਸ ਦੇ ਅਧਾਰ 'ਤੇ ਨਿਯੁਕਤੀ ਸਬੰਧੀ ਆਨਲਾਈਨ ਈ-ਪੰਜਾਬ ਸਕੂਲ ਪੋਰਟਲ ਉੱਤੇ ਅਪਲਾਈ ਕੀਤਾ ਜਾਵੇਗਾ।

2.0 ਉਪਰੋਕਤ ਤਰਸ ਦੇ ਅਧਾਰ 'ਤੇ ਨਿਯੁਕਤੀਆਂ ਸਬੰਧੀ ਅਪਲਾਈ ਕਰਨ ਵਿੱਚ ਜੇਕਰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਸਕੂਲ ਮੁੱਖੀ/ ਡੀ.ਡੀ.ਓ./ ਡੀ.ਈ.ਓ./ ਬੀ.ਪੀ.ਈ.ਓ. ਆਪਣੇ ਜਿਲ੍ਹੇ ਦੇ ਸਬੰਧਿਤ ਜਿਲ੍ਹਾ ਐਮ.ਆਈ.ਐਸ. ਵਿੰਗ ਦੇ ਕੋ-ਆਰਡੀਨੇਟਰ ਨਾਲ ਸੰਪਰਕ ਕਰ ਸਕਦੇ ਹਨ। ਜਿਨ੍ਹਾਂ ਦੇ ਮੋਬਾਈਲ ਨੰਬਰ ਈ-ਪੰਜਾਬ ਸਕੂਲ ਪੋਰਟਲ ਉੱਤੇ ਉਪਲੱਬਧ ਹਨ।

3.0 ਇਸ ਸਬੰਧੀ ਸਕੂਲ ਡੀ.ਡੀ.ਓਜ਼, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਜਿਲ੍ਹਾ ਸਿੱਖਿਆ ਅਫਸਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਵੀ ਇਸ ਸਿਸਟਮ ਨੂੰ ਆਪਣੇ ਸਕੂਲ ਜਾਂ ਦਫਤਰ ਦੇ ਈ-ਪੰਜਾਬ ਸਕੂਲ ਪੋਰਟਲ 'ਤੇ ਲਾਗਇੰਨ ਆਈ.ਡੀ. ਵਿੱਚ ਜਾ ਕੇ ਚੰਗੀ ਤਰ੍ਹਾਂ ਸਮਝ ਲੈਣ ਅਤੇ ਸਕੂਲ ਮੁੱਖੀ/ਡੀ.ਡੀ.ਓ ਵੱਲੋਂ ਅਪਲਾਈ ਕੀਤੇ ਜਾਣ ਵਾਲੇ ਤਰਸ ਦੇ ਅਧਾਰ 'ਤੇ ਨਿਯੁਕਤੀਆਂ ਸਬੰਧੀ ਅਰਜ਼ੀਆਂ ਉੱਤੇ ਰੋਜ਼ਾਨਾ ਕਾਰਵਾਈ ਕਰਨ ਅਤੇ ਕਿਸੇ ਵੀ ਪੱਧਰ ਉੱਤੇ ਕੋਈ ਅਰਜ਼ੀ ਲੰਬਿਤ ਨਾ ਰਹੇ।

4.0 ਤਰਸ ਦੇ ਅਧਾਰ 'ਤੇ ਨਿਯੁਕਤੀਆਂ ਸਬੰਧੀ ਆਨਲਾਈਨ ਅਪਲਾਈ ਕਰਨ ਸਬੰਧੀ ਹਦਾਇਤਾਂ/ਗਾਈਡਲਾਈਨਜ਼ ਨਾਲ ਨੱਥੀ ਹਨ।

ਨੱਥੀ : ਪੰਨਾ-1

ਸਕੱਤਰ ਸਕੂਲ ਸਿੱਖਿਆ, ਪੰਜਾਬ

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ
2. ਡੀ.ਪੀ.ਆਈ. (ਸੈ.ਸਿ.) ਪੰਜਾਬ
3. ਡੀ.ਪੀ.ਆਈ. (ਐ.ਸਿ.) ਪੰਜਾਬ
4. ਸੁਪਰਡੰਟ, ਸਿੱਖਿਆ-6 ਸ਼ਾਖਾ

ਸਕੱਤਰ ਸਕੂਲ ਸਿੱਖਿਆ, ਪੰਜਾਬ

Guidelines for processing of **Compassionate Appointment** Applications

**(www.epunjabschool.gov.in)**

1) School Head will update the status of employee as "Death" in posting status link of "**School Login**" account on **ePunjabSchool Portal**.
2) Details of such employees will be shown to concerned dealing hand at District Education Office (EE and SE).
3) Dealing hand will collect all desired information and documents of dependent of the employees and will update all information of such cases on ePunjabSchool Portal.
4) Click on "Submit" button to forward the application to concerned Directorate for further necessary action/directions.